**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

# ਕੋਈ ਵੀ ਬੱਚਾ ਪੋਲੀਓ ਬੂੰਦਾ ਪੀਣ ਤੋਂ ਨਾ ਰਹੇ ਵਾਂਝਾ -ਡਿਪਟੀ ਕਮਿਸ਼ਨਰ

## ਘਰਾਂ 'ਚ ਪਹੁੰਚ ਕਰਕੇ ਵੀ ਪਿਲਾਈਆਂ ਜਾ ਰਹੀਆਂ ਨੇ ਪੋਲੀਓ ਬੂੰਦਾਂ-ਸਿਵਲ ਸਰਜਨ

## ਮੁਹਿੰਮ ਦੇ ਦੂਜੇ ਦਿਨ ਤੱਕ 12564 ਬੱਚਿਆਂ ਨੂੰ ਪਿਆਈਆਂ ਬੂੰਦਾਂ

ਫਾਜ਼ਿਲਕਾ 18 ਸਤੰਬਰ

ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਅੰਦਰ 17 ਤੋਂ 19 ਸਤੰਬਰ 2017 ਤੱਕ ਰਾਸ਼ਟਰੀ ਪਲਸ ਪੋਲੀਓ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਤਹਿਤ 0 ਤੋਂ 5 ਸਾਲ ਤੱਕ ਦੀ ਉਮਰ ਦੇ ਸਾਰੇ ਬੱਚਿਆਂ ਨੂੰ ਪੋਲੀਓ ਵੈਕਸੀਨ ਦੀਆਂ ਬੂੰਦਾਂ ਪਿਲਾਈਆਂ ਜਾਣਗੀਆਂ।ਇਸ ਮੁਹਿੰਮ ਦੌਰਾਨ ਕੋਈ ਵੀ ਬੱਚਾ ਪੋਲੀਓ ਬੂੰਦਾਂ ਪੀਣ ਤੋਂ ਵਾਂਝਾ ਨਾ ਰਹੇ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀਮਤੀ ਈਸ਼ਾ ਕਾਲੀਆ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਇਸ ਰਾਸ਼ਟਰੀ ਪਲਸ ਪੋਲੀਓ ਮੁਹਿੰਮ ਦੌਰਾਨ ਜ਼ਿਲ੍ਹੇ ਦੇ ਸਾਰੇ ਖੇਤਰਾਂ ਨੂੰ ਕਵਰ ਕਰਨਾ ਚਾਹੀਦਾ ਹੈ, ਤਾਂ ਜੋ ਕੋਈ ਵੀ ਬੱਚਾ ਪੋਲੀਓ ਬੂੰਦਾਂ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਪੋਲੀਓ ਦੀ ਨਾ-ਮੁਰਾਦ ਬਿਮਾਰੀ ਦੇ ਖਾਤਮੇ ਲਈ ਵੱਖ-ਵੱਖ ਵਿਭਾਗਾਂ ਅਤੇ ਆਮ ਨਾਗਰਿਕਾਂ ਦਾ ਸਹਿਯੋਗ ਜਰੂਰੀ ਹੈ।

ਇਸ ਮੌਕੇ ਸਿਵਲ ਸਰਜਨ ਡਾ. ਸੁਰਿੰਦਰ ਕੁਮਾਰ ਨੇ ਦੱਸਿਆ ਕਿ ਇਸ ਮੁਹਿੰਮ ਦੌਰਾਨ

ਬੱਚਿਆਂ ਨੂੰ ਘਰ-ਘਰ ਜਾ ਕੇ ਬੂੰਦਾਂ ਪਿਲਾਈਆਂ ਜਾਣਗੀਆਂ। ਇਸ ਸਬੰਧੀ ਸਾਰੀਆਂ ਤਿਆਰੀਆਂ ਮਕੁੰਮਲ ਕਰ ਲਈਆ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੇ ਦੂਸਰੇ ਦਿਨ ਤੱਕ ਜ਼ਿਲ੍ਹੇ ਅੰਦਰ 12564 ਬੱਚਿਆਂ ਨੂੰ ਪੋਲੀਓ ਬੂੰਦਾ ਪਿਆਈਆਂ ਜਾ ਚੁੱਕੀਆਂ ਹਨ। ਇਸ ਦੇ ਨਾਲ-ਨਾਲ ਉਨ੍ਹਾਂ ਦੱਸਿਆ ਕਿ ਮੁਹਿੰਮ ਦੇ ਅੰਤਮ ਦਿਨ ਬੱਚਿਆਂ ਨੂੰ ਘਰ-ਘਰ ਜਾ ਕੇ ਪੋਲੀਓ ਰਹਿਤ ਬੂੰਦਾ ਪਿਆਈਆਂ ਜਾਣਗੀਆਂ ਤੇ ਇਹ ਮੁਹਿੰਮ ਉਸ ਸਮੇਂ ਤੱਕ ਜਾਰੀ ਰਹੇਗੀ ਕਿ ਜਦੋਂ ਜ਼ਿਲ੍ਹੇ ਦੇ ਸਾਰੇ ਬੱਚੇ ਪੋਲੀਓ ਬੂੰਦਾ ਪੀਣ ਤੋਂ ਮੁੰਕਮਲ ਨਾ ਹੋ ਜਾਣ।